# ਦਫ਼ਤਰ ਜਿਲ੍ਹਾ ਮੈਜਿਸਟਰੇਟ, ਬਰਨਾਲਾ

(ਐਮ.ਏ ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਹੁਕਮ ਜ਼ਿਲ੍ਹਾ ਬਰਨਾਲਾ।**

ਹੁਕਮ ਨੰ:...੪੪੪.../ਐਮ.ਏ. ਮਿਤੀ...੨੫/੦੪../2019

## ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ ਪ੍ਰਾਈਵੇਟ ਅਤੇ ਸਰਕਾਰੀ ਬੱਸ ਡਰਾਈਵਰਾਂ ਵੱਲੋਂ ਸਫਰ ਦੌਰਾਨ ਆਪਣੀਆਂ ਬੱਸਾਂ ਵਿੱਚ ਬਹੁਤ ਹੀ ਅਸ਼ਲੀਲ ਗਾਣੇ ਲਗਾਏ ਜਾਂਦੇ ਹਨ। ਕਈ ਵਾਰ ਅਜਿਹੀ ਸਥਿਤੀ ਪੈਦਾ ਹੋ ਜਾਂਦੀ ਹੈ ਕਿ ਕਿਸੇ ਵਿਅਕਤੀ ਵਿਸ਼ੇਸ ਵੱਲੋਂ ਅਜਿਹੇ ਅਸ਼ਲੀਲ ਗਾਣੇ ਲਗਾਉਣ ਤੇ ਮਨਾਹੀ ਕਰਨ ਤੇ ਬੱਸਾਂ ਦੇ ਡਰਾਈਵਰਾਂ/ਕੰਡਕਟਰਾਂ ਅਤੇ ਆਮ ਜਨਤਾ ਦੇ ਲੋਕਾਂ ਵਿੱਚ ਤਕਰਾਰ ਪੈਦਾ ਹੋ ਜਾਂਦਾ ਹੈ। ਅਜਿਹੇ ਤਕਰਾਰ ਆਦਿ ਹੋਣ ਨਾਲ ਜਿੱਥੇ ਆਮ ਜਨਤਾ ਨੂੰ ਸਫਰ ਦੌਰਾਨ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ, ਉਥੇ ਨਾਲ ਹੀ ਕਈ ਵਾਰ ਅਮਨ ਤੇ ਸ਼ਾਂਤੀ ਭੰਗ ਹੋਣ ਦਾ ਖਤਰਾ ਹੋ ਜਾਣ ਦੇ ਨਾਲ-ਨਾਲ ਜਾਨੀ ਵਾ ਮਾਲੀ ਨੁਕਸਾਨ ਹੋਣ ਦਾ ਡਰ ਹੈ। ਇਸ ਲਈ ਪ੍ਰਾਈਵੇਟ ਅਤੇ ਸਰਕਾਰੀ ਬੱਸਾਂ ਵਿੱਚ ਅਸ਼ਲੀਲ ਗਾਣੇ ਵਜਾਉਣ ਤੇ ਰੋਕ ਲਗਾਈ ਜਾਣੀ ਜਰੂਰੀ ਹੋ ਜਾਂਦੀ ਹੈ।

ਇਸ ਲਈ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਹੁਕਮ ਦਿੰਦਾ ਹਾਂ ਕਿ ਜਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਕਿਸੇ ਵੀ ਪ੍ਰਾਈਵੇਟ ਜਾਂ ਸਰਕਾਰੀ ਬੱਸ ਵਿੱਚ ਸਫਰ ਦੌਰਾਨ ਅਸ਼ਲੀਲ ਗਾਣੇ ਨਹੀਂ ਵਜਾਏ ਜਾਣਗੇ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਆਮ ਪਬਲਿਕ ਦੇ ਨਾਮ ਇਕਤਰਫਾ ਪਾਸ ਕੀਤਾ ਜਾਂਦਾ ਹੈ।

ਇਹ ਹੁਕਮ ਸੀਨੀਅਰ ਕਪਤਾਨ ਪੁਲਿਸ ਬਰਨਾਲਾ ਦੁਆਰਾ ਲਾਗੂ ਕਰਵਾਇਆ ਜਾਵੇਗਾ ਅਤੇ ਜੇਕਰ ਬੱਸ ਵਿਚ ਅਸ਼ਲੀਲ ਗਾਣੇ ਵਜਾਏ ਜਾਣ ਬਾਰੇ ਕਿਸੇ ਵਿਅਕਤੀ ਵਲੋ ਸ਼ਿਕਾਇਤ ਕੀਤੀ ਜਾਂਦੀ ਹੈ ਤਾਂ ਉਸ ਸਬੰਧੀ ਫੌਰਨ ਡੀ.ਡੀ.ਆਰ ਦਰਜ ਕਰਕੇ ਪੜ੍ਹਤਾਲ ਕੀਤੀ ਜਾਵੇ ਅਤੇ ਸਹੀ ਪਾਏ ਜਾਣ ਤੇ ਇਸ ਹੁਕਮ ਦੀ ਉਲੰਘਣਾ ਮੰਨਦੇ ਹੋਏ ਉਸ ਵਿਅਕਤੀ ਦੀ ਸ਼ਿਕਾਇਤ ਤੇ ਸਬੰਧਤ ਬੱਸ ਦੇ ਡਰਾਈਵਰ ਅਤੇ ਕੰਡਕਟਰ ਵਿਰੁੱਧ ਧਾਰਾ 188 ਆਈ.ਪੀ.ਸੀ ਅਧੀਨ ਕਾਰਵਾਈ ਕੀਤੀ ਜਾਵੇਗੀ। ਇਸ ਹੁਕਮ ਨੂੰ ਲਾਗੂ ਕਰਨ ਲਈ ਜਿਲ੍ਹਾ ਲੋਕ ਸੰਪਰਕ ਵਿਭਾਗ, ਬਰਨਾਲਾ ਦੀ ਵਹੀਕਲ ਰਾਹੀਂ ਅਤੇ ਸਥਾਨਕ ਅਖਬਾਰਾਂ ਦੁਆਰਾ ਵੀ ਪ੍ਰਚਾਰ ਕੀਤਾ ਜਾਵੇਗਾ। ਪ੍ਰਚਾਰ ਕਰਨ ਉਪਰੰਤ ਪ੍ਰਚਾਰ ਕਰਨ ਦੌਰਾਨ ਹੋਈ ਸਾਰੀ ਕਾਰਵਾਈ ਦੀ ਲਿਖਤੀ ਸੂਚਨਾਂ ਇਸ ਦਫਤਰ ਨੂੰ ਭੇਜੀ ਜਾਵੇ। ਇਸ ਹੁਕਮ ਦੀਆ ਕਾਪੀਆਂ ਦਫਤਰ ਜਿਲਾ ਮੈਜਿਸਟਰੇਟ ਜਿਲ੍ਹੇ ਦੇ ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਮਾਰਕਿਟ ਕਮੇਟੀਆਂ, ਪੁਲਿਸ ਸਟੇਸ਼ਨਾਂ ਅਤੇ ਨਗਰ ਕੌਸਲਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਬਰਨਾਲਾ ਦੀਆ ਉਘੀਆਂ ਥਾਂਵਾ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋ ਲੈਕੇ ਮਿਤੀ: 25/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ

ਜ਼ਿਲਾ ਮੈਜਿਸਟਰੇਟ ਬਰਨਾਲਾ

ਪਿੱ:ਅੰ:ਨੰ:5851-5905/ਐਮ.ਏ. ਮਿਤੀ:25/04/2019

**ਉਪਰੋਕਤ ਦਾ ਉਤਾਰਾ ਨਿਮਨਲਿਖਤ ਪਾਸ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-**

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
4) ਸਕੱਤਰ ਪੰਜਾਬ ਸਰਕਾਰ, ਟਰਾਂਸਪੋਰਟ ਵਿਭਾਗ, ਚੰਡੀਗੜ੍ਹ।
5) ਡੀ.ਆਈ.ਜੀ (ਸੀ.ਆਈ.ਡੀ) ਪੰਜਾਬ, ਚੰਡੀਗੜ/ਡੀ.ਆਈ.ਜੀ, ਪੁਲਿਸ ਰੇਂਜ ਪਟਿਆਲਾ।
6) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੁਕਤਸਰ/ਮੋਗਾ/ਸ਼ਹੀਦ ਭਗਤ ਸਿੰਘ ਨਗਰ (ਨਵਾਂ ਸਹਿਰ) /ਫਤਿਹਗੜ ਸਾਹਿਬ/ਸੰਗਰੂਰ/ਗੁਰਦਾਸਪੁਰ/ਫਾਜ਼ਿਲਕਾ/ਪਠਾਨਕੋਟ/ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)/ਰੂਪਨਗਰ/ਬਠਿੰਡਾ/ਤਰਨਤਾਰਨ।
7) ਜਿਲ੍ਹਾ ਅਤੇ ਸੈਸ਼ਨ ਜੱਜ ਬਰਨਾਲਾ।
8) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
9) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
10) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
11) ਜਿਲ੍ਹਾ ਅਟਾਰਨੀ (ਲੀਗਲ), ਬਰਨਾਲਾ।
12) ਜਿਲ੍ਹਾ ਮਾਲ ਅਫਸਰ ਬਰਨਾਲਾ/ਡੀ.ਡੀ.ਪੀ.ਓ, ਬਰਨਾਲਾ।
13) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲ ਕਲਾਂ
14) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਤਪਾ/ਧਨੌਲਾ/ਭਦੌੜ/ਨਗਰ ਪੰਚਾਇਤ ਹੰਡਿਆਇਆ।
15) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪ੍ਰਚਾਰ ਮੁਨਾਦੀ ਕਰਕੇ ਰਿਪੋਰਟ ਭੇਜਣਗੇ।
16) ਜਨਰਲ ਮੈਨੇਜਰ, ਪੀ.ਆਰ.ਟੀ.ਸੀ., ਬਰਨਾਲਾ।
17) ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ/ਸ.ਕ.(ਜ/ਸ਼ਿਕ) ਬਰਨਾਲਾ ਪਾਸ ਅਫ਼ਸਰ ਸਹਿਬਾਨ ਦੀ ਜਾਣਕਾਰੀ ਹਿੱਤ।

ਵਾ: ਜਿਲ੍ਹਾ ਮੈਜਿਸਟਰੇਟ,
ਬਰਨਾਲਾ